**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ**

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਸਿੱਖਿਆ ਭਵਨ

ਚੋਥੀ ਮੰਜਿਲ, ਐਸ.ਏ.ਐਸ. ਨਗਰ

(ਸੈਕੰਡਰੀ ਸਿੱਖਿਆ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਪੰਜਾਬ ।

ਮੀਮੋ ਨੰ - 10/1-2023 ਸੈਸਿ(3)/2023296189
ਮਿਤੀ ਸ.ਅ.ਸ ਨਗਰ 20/10/2023

ਵਿਸ਼ਾ :- ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ "ਨਰੋਏ ਸਮਾਜ ਦੀ ਸਿਰਜਨਾ ਲਈ ਦੁੱਧ ਦਾ ਮਹੱਤਵ ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਪੱਤਰ ਪ੍ਰਾਪਤ ਹੋਇਆ ਹੈ (ਕਾਪੀ ਨੱਥੀਂ) ਦੀ ਕਾਪੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ ਅਤੇ ਮੰਗੇ ਗਏ ਲੇਖ ਮਿਥੀ ਮਿਤੀ ਤੋ ਪਹਿਲਾਂ ਪਹਿਲਾਂ ਸਬੰਧਤ ਦਫਤਰ ਪੰਜਾਬ ਡੇਅਰੀ ਵਿਕਾਸ ਬੋਰਡ, ਐਸ.ਏ.ਐਸ ਨਗਰ ਨੂੰ ਭੇਜੇ ਜਾਣੇ ਯਕੀਨੀ ਬਣਾਏ ਜਾਣ ।

ਸਹਾਇਕ ਡਾਇਰੈਕਟਰ (ਸੈਸਿ)

ਪਿੱਠ ਅੰਕਣ ਨੰਬਰ ਉਕਤ — ਮਿਤੀ ਸ.ਅ.ਸ. ਨਗਰ 20/10/2023

ਉਪੋਰਕਤ ਦਾ ਉਤਾਰਾ ਪੰਜਾਬ ਡੇਅਰੀ ਵਿਕਾਸ ਬੋਰਡ, ਲਾਈਵਸਟਾਕ ਕੰਪਲੈਕਸ, ਚੋਥੀ ਮੰਜਿਲ, ਨੇੜੇ ਆਰਮੀ ਇੰਸਟੀਚਿਊਟ ਆਫ ਲਾਅ, ਸੈਕਟਰ-68, ਐਸ.ਏ.ਐਸ.ਨਗਰ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

ਸਹਾਇਕ ਡਾਇਰੈਕਟਰ (ਸੈਸਿ)

# Punjab Dairy Development Board

ਪੰਜਾਬ ਡੇਅਰੀ ਵਿਕਾਸ ਬੋਰਡ

ਲਾਈਵਸਟਾਕ ਕੰਪਲੈਕਸ, ਚੌਥੀ ਮੰਜਿਲ, ਨੇੜੇ ਆਰਮੀ ਇੰਸਟੀਚਿਊਟ ਆਫ ਲਾਅ
ਸੈਕਟਰ-68, ਐਸ.ਏ.ਐਸ ਨਗਰ, ਫੋਨ ਨੰ. 0172-5027285, 2217020, Email id: dir.dairy@punjab.gov.in


ਸੇਵਾ ਵਿਖੇ,

ਡੀ.ਪੀ.ਆਈ. (ਸੈਕੰਡਰੀ),
ਪੰਜਾਬ ਸਕੂਲ ਸਿਖਿਆ ਬੋਰਡ,
ਸੈਕਟਰ-62, ਐਸ.ਏ.ਐਸ. ਨਗਰ।

ਨੰ.ਪੀ.ਡੀ.ਡੀ.ਬੀ./ਪੀ-4/2023/4084
ਮਿਤੀ 13/10/23

ਵਿਸ਼ਾ- ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ " ਨਰੋਏ ਸਮਾਜ ਦੀ ਸਿਰਜਨਾ ਲਈ ਦੁੱਧ ਦਾ ਮਹੱਤਵ" ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ।

ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਜਿਸ ਦਾ ਮੁੱਖ ਮਕਸਦ ਇਸ ਵਰਗ ਦੇ ਬੱਚਿਆਂ ਨੂੰ ਸ਼ੁੱਧ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਨਰੋਈ ਸਿਹਤ ਪ੍ਰਤੀ ਚੇਤਨ ਕਰਨਾ ਹੈ। ਇਸ ਨਾਲ ਬੱਚਿਆਂ ਦੀ ਲਿਖਣ ਕਲਾ ਵਿੱਚ ਵੀ ਨਿਖਾਰ ਆਉਂਦਾ ਹੈ। ਇਸ ਸਾਲ ਦੇ ਲੇਖ ਦਾ ਵਿਸ਼ਾ " ਨਰੋਏ ਸਮਾਜ ਦੀ ਸਿਰਜਨਾ ਵਿੱਚ ਦੁੱਧ ਦਾ ਮਹੱਤਵ " ਰੱਖਿਆ ਗਿਆ ਹੈ। ਇਹ ਲੇਖ ਪੰਜਾਬੀ/ਅੰਗਰੇਜੀ ਭਾਸ਼ਾ ਵਿੱਚ ਹੋ ਸਕਦੇ ਹਨ। ਲੇਖ ਵੱਧ ਤੋਂ ਵੱਧ 250 ਸ਼ਬਦਾਂ ਤੱਕ ਸੀਮਤ ਹੋਣਾ ਚਾਹੀਦਾ ਹੈ। ਵਿਦਿਆਰਥੀਆਂ ਵਲੋਂ ਲਿਖੇ ਲੇਖ ਸਬੰਧਤ ਸਕੂਲ ਦੇ ਪ੍ਰਿੰਸੀਪਲ ਵੱਲੋਂ ਇਸ ਗੱਲ ਲਈ ਤਸਦੀਕ ਕੀਤੇ ਜਾਣਗੇ ਕਿ ਇਹ ਵਿਦਿਆਰਥੀ ਦੀ ਆਪਣੀ ਮੌਲਿਕ ਰਚਨਾ ਹੈ। ਅਜਿਹੇ ਲੇਖ ਇਸ ਦਫਤਰ ਵਿੱਚ ਪਹੁੰਚਣ ਦੀ ਆਖਰੀ ਮਿਤੀ 03.11.2023 ਰੱਖੀ ਗਈ ਹੈ। ਮਿੱਥੀ ਮਿਤੀ ਤੱਕ ਪ੍ਰਾਪਤ ਲੇਖਾਂ ਦਾ ਮੁਲਾਂਕਣ ਵਿਸ਼ਾ ਮਾਹਰਾਂ ਵਲੋਂ ਕੀਤਾ ਜਾਵੇਗਾ। ਜਿਲ੍ਹਿਆਂ ਦੇ ਪਹਿਲੇ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਇੱਕ ਰਾਜ ਪੱਧਰੀ ਸਮਾਗਮ ਵਿੱਚ ਸਨਮਾਨਿਤ ਕੀਤਾ ਜਾਵੇਗਾ। ਇਹ ਸਮਾਗਮ 26 ਨਵੰਬਰ 2023 ਨੂੰ (ਨੈਸ਼ਨਲ ਮਿਲਕ ਡੇ) ਜਿਲ੍ਹਾ ਮੁਕਤਸਰ ਸਾਹਿਬ ਵਿੱਚ ਆਯੋਜਿਤ ਕੀਤਾ ਜਾਵੇਗਾ।

ਆਪ ਜੀ ਨੂੰ ਬੇਨਤੀ ਹੈ ਕਿ ਰਾਜ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸੂਚਿਤ ਕਰਨ ਅਤੇ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ ਦੀ ਖੇਚਲ ਕੀਤੀ ਜਾਵੇ ਜੀ।

ਸੁਪਰਡੰਟ 13/10/23

ਪਿੱਠ ਅੰਕਣ ਨੰ. ਪੀ.ਡੀ.ਡੀ.ਬੀ./ਪੀ-4/2023 ਮਿਤੀ

ਉਪਰੋਕਤ ਦਾ ਉਤਾਰਾ ਡਾਇਰੈਕਟਰ ਜਨਰਲ ਸਕੂਲ ਸਿਖਿਆ ਪੰਜਾਬ, ਮੋਹਾਲੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਬਠਿੰਡਾ
ਪਿੱਠ ਅੰਕਣ ਨੰ. ਈ-1/1/2023/6049 ਮਿਤੀ: 17/10/23
[illegible]

ਸੁਪਰਡੰਟ 13/10/23

ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ:ਸਿ.)
ਬਠਿੰਡਾ